# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-08-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਯੂਕਰੇਨ ਸੰਘਰਸ਼ ਦੀ ਸ਼ੁਰੂਆਤ ਤੋਂ ਹੀ ਭਾਰਤ, ਹਮੇਸ਼ਾ ਸ਼ਾਂਤੀ ਦੇ ਪੱਖ ਵਿੱਚ ਰਿਹਾ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਲ ਸਵੇਰੇ 11 ਵਜੇ, ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਲੋਂ ਪੱਤਰਕਾਰੀ ਪੇਸ਼ੇ ਨਾਲ ਜੁੜੇ ਵਿਦਿਆਰਥੀਆਂ ਦੀ ਮੁਹਾਰਤ ਨਿਖਾਰਣ ਲਈ, ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਵਿਸ਼ੇ ‘ਤੇ ਇਕ ਵਰਕਸ਼ਾਪ ਕਰਵਾਈ।
- ਖੇਡਾਂ ਵਤਨ ਪੰਜਾਬ ਦੀਆਂ ਸੀਜਨ-3 ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕੱਢੀ ਗਈ ਮਸ਼ਾਲ ਦਾ ਅੱਜ ਹੁਸ਼ਿਆਰਪੁਰ ਪਹੁੰਚਣ ’ਤੇ, ਅੰਤਰ-ਰਾਸ਼ਟਰੀ ਖਿਡਾਰੀਆਂ ਵੱਲੋਂ ਸ਼ਾਨਦਾਰ ਸਵਾਗਤ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪੋਲੈਂਡ ਅਤੇ ਯੂਕਰੇਨ ਦੇ ਸਫਲ ਦੌਰੇ ਤੋਂ ਬਾਅਦ ਅੱਜ ਬਾਅਦ ਦੁਪਹਿਰ ਵਤਨ ਪਰਤ ਆਏ । ਦੌਰੇ ਦੌਰਾਨ ਪ੍ਰਧਾਨ ਮੰਤਰੀ ਨੇ ਵਾਰਸਾ ਵਿੱਚ ਪੋਲੈਂਡ ਦੇ ਪ੍ਰਧਾਨ ਮੰਤਰੀ ਡੋਨਾਲਡ ਟਸਕ ਨਾਲ ਗੱਲਬਾਤ ਕੀਤੀ । ਦੋਹਾਂ ਨੇਤਾਵਾਂ ਨੇ ਸਬੰਧਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਰਣਨੀਤਕ ਭਾਈਵਾਲੀ ਵਿਕਸਿਤ ਕਰਨ ਦਾ ਫੈਸਲਾ ਕੀਤਾ। ਉਨ੍ਹਾਂ ਨੇ ਵਧੇਰੇ ਸਥਿਰ, ਖੁਸ਼ਹਾਲ ਅਤੇ ਟਿਕਾਊ ਸੰਸਾਰ ਲਈ ਦੁਵੱਲੇ, ਖੇਤਰੀ ਅਤੇ ਅੰਤਰ-ਰਾਸ਼ਟਰੀ ਸਹਿਯੋਗ ਨੂੰ ਡੂੰਘਾ ਕਰਨ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਯੂਕਰੇਨ ਵਿੱਚ ਪ੍ਰਧਾਨ ਮੰਤਰੀ ਮੋਦੀ ਅਤੇ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲਨਸਕੀ ਦਰਮਿਆਨ ਕੀਵ ਵਿੱਚ ਵਫ਼ਦ ਪੱਧਰ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਯੂਕਰੇਨ ਵਿੱਚ ਭਾਈਚਾਰਕ ਵਿਕਾਸ ਪ੍ਰੋਜੈਕਟਾਂ, ਡਰੱਗ ਕੰਟਰੋਲ ਮਿਆਰ , ਸੱਭਿਆਚਾਰਕ ਅਦਾਨ-ਪ੍ਰਦਾਨ ਅਤੇ ਖੇਤੀਬਾੜੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਚਾਰ ਸਮਝੌਤਿਆਂ 'ਤੇ ਹਸਤਾਖਰ ਕੀਤੇ ਗਏ। ਸ਼੍ਰੀ ਮੋਦੀ ਨੇ ਭਰੋਸਾ ਦਿਵਾਇਆ

ਕਿ ਭਾਰਤ ਸ਼ਾਂਤੀ ਸਥਾਪਿਤ ਕਰਨ ਦੇ ਕਿਸੇ ਵੀ ਉਪਰਾਲੇ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਤਿਆਰ ਏ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਲ ਸਵੇਰੇ 11 ਵਜੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦਾ ਇਹ 113ਵਾਂ ਐਪੀਸੋਡ ਹੋਵੇਗਾ। ਸ੍ਰੀ ਮੋਦੀ ਵੱਲੋਂ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਦਾ ਅਹੁਦਾ ਸੰਭਾਲਣ ਤੋਂ ਬਾਅਦ ਇਹ ਇਸ ਪ੍ਰੋਗ੍ਰਾਮ ਦਾ ਤੀਜਾ ਐਪੀਸੋਡ ਵੀ ਹੋਵੇਗਾ । ਇਹ ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁਚੇ ਨੈੱਟਵਰਕ, AIR NEWS WEBSITE ਅਤੇ NEWS-ON-AIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR NEWS , DD NEWS , ਪ੍ਰਧਾਨ ਮੰਤਰੀ ਦਫਤਰ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ ਹਿੰਦੀ

ਪ੍ਰਸਾਰਣ ਤੋਂ ਤੁਰੰਤ ਬਾਅਦ, ਇਸ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕਰੇਗਾ।

---------------------------------------------------------------

ਕੇਂਦਰੀ ਵਾਤਾਵਰਨ ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਵੱਲੋਂ ਸਿੱਖਿਆ ਪ੍ਰੋਗਰਾਮ ਅਧੀਨ ਸੂਬਾ ਨੋਡਲ ਏਜੰਸੀ, ਪੰਜਾਬ ਰਾਜ ਵਿਗਿਆਨ ਤੇ ਟੈਕਨਾਲੋਜੀ ਕੌਂਸਲ ਚੰਡੀਗੜ੍ਹ ਰਾਹੀਂ ਵੱਖ ਵੱਖ ਸਕੂਲਾਂ ਵਿੱਚ ਈਕੋ ਕਲੱਬ ਚਲਾਏ ਜਾ ਰਹੇ ਨੇ। ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਉਹਨਾਂ ਦੇ ਕੈਂਪਸ ਦੇ ਅੰਦਰ ਪਾਣੀ, ਰਹਿੰਦ ਖੂੰਹਦ ਅਤੇ ਵਾਤਾਵਰਨ ਵਸੀਲਿਆਂ ਪ੍ਰਤੀ ਸੰਵੇਦਨਸ਼ੀਲ ਬਣਾਉਣ ਲਈ, ਕੌਂਸਲ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ  ਸੈਕੰਡਰੀ ਸਿੱਖਿਆ ਪਟਿਆਲਾ ਦੇ ਸਾਂਝੇ ਸਹਿਯੋਗ ਨਾਲ, ਕਲੱਸਟਰ ਪੱਧਰ ਤੇ 7 ਜ਼ਿਲਿਆਂ ਦੀ ਇੱਕ ਰੋਜ਼ਾ ਵਰਕਸ਼ਾਪ ਜੁਆਲੋਜੀ ਅਤੇ ਵਾਤਾਵਰਣ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਰਵਾਈ ਗਈ। ਇਸ ਵਰਕਸ਼ਾਪ ਵਿੱਚ ਲਗਭਗ 180 ਸਕੂਲਾਂ ਨੇ ਹਿੱਸਾ  ਲਿਆ। ਜ਼ਿਲ੍ਹੇ ਦੇ 6 ਸਰਕਾਰੀ ਸਕੂਲਾਂ ਦੇ ਈਕੋ ਕੱਲਬਾਂ ਵੱਲੋਂ ਰਹਿੰਦ ਖੂਹੰਦ ਤੋਂ ਬੇਹਤਰ

ਵਸਤਾਂ ਬਣਾਉਣ ਬਾਰੇ ਸਟਾਲ ਲਗਾਈ ਗਈ। ਕੌਂਸਲ ਦੇ ਜੁਆਇੰਟ ਡਾਇਰੈਕਟਰ ਡਾਕਟਰ ਕੇ. ਐਸ. ਬਾਠ, ਪ੍ਰੋਜੈਕਟ ਸਾਇੰਟਿਸਟ ਡਾ. ਮੰਦਾਕਨੀ ਠਾਕੁਰ ਸਮੇਤ ਹੋਰ ਪਤਵੰਤੇ ਸ਼ਾਮਲ ਹੋਏ। ਇਸ ਮੌਕੇ ਮਿਸ਼ਨ ਲਾਈਫ਼ ਤਹਿਤ ਸਾਰਿਆਂ ਨੇ ਵਾਤਾਵਰਨ ਨੂੰ ਸਾਫ਼ ਸੁਥਰਾ ਰੱਖਣ ਲਈ ਪ੍ਰਣ ਲਿਆ ਗਿਆ। ਸਾਰੇ ਭਾਗੀਦਾਰ ਅਧਿਆਪਕਾਂ ਨੂੰ ਸਰਟੀਫਿਕੇਟ ਦਿੱਤੇ ਗਏ।

---------------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਨੇ ਪੱਤਰਕਾਰੀ ਦੇ ਪੇਸ਼ੇ ਨਾਲ ਜੁੜੇ ਵਿਦਿਆਰਥੀਆਂ ਦੀ ਵਿਗਿਆਨਕ ਪੱਤਰਕਾਰੀ ਦੀ ਮੁਹਾਰਤ ਨੂੰ ਨਿਖਾਰਣ ਲਈ, ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਵਿਸ਼ੇ ‘ਤੇ ਇਕ ਵਰਕਸ਼ਾਪ ਕਾਰਵਾਈ ਗਈ, ਜਿਸ ਵਿਚ 100 ਤੋਂ ਵੱਧ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ। ਇਸ ਵਰਕਸ਼ਾਪ ਦੇ ਰਾਹੀਂ ਸਾਇੰਸ ਸਿਟੀ ਵਲੋਂ ਵਿਦਿਆਰਥੀਆਂ ਨੂੰ ਵਿਗਿਆਨਕ ਪੱਤਰਕਾਰੀ ਪ੍ਰਤੀ ਸਮਝ ਨੂੰ ਵਧਾਉਣ ਅਤੇ ਮੁਹਾਰਤ ਬਣਾਉਣ ਲਈ ਇਕ ਮੰਚ ਮੁਹੱਈਆ ਕਰਵਾਇਆ ਗਿਆ। ਪੁਸ਼ਪਾ ਗੁਜਰਾਲ ਸਾਇੰਸ

ਸਿਟੀ ਦੇ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁੰਝਲਦਾਰ ਵਿਗਿਆਨਕ ਖੋਜਾ ਨੂੰ ਸਮਝਣਯੋਗ ਬਣਾਉਣ ਵਿਚ ਹੁਨਰਮੰਦ ਪੱਤਰਕਾਰਾਂ ਦੀ ਬਹੁਤ ਅਹਿਮ ਭੂਮਿਕਾ ਏ । ਡਾ. ਗਰੋਵਰ ਨੇ ਵਿਗਿਆਨਕ ਡੈਟਾ, ਮੁਹਾਰਤ ਅਤੇ ਵਿਗਿਆਨਕ ਵਿਸ਼ਿਆਂ ਦੀ ਮੀਡੀਆਂ ਕਵਰੇਜ ਵਰਗੀਆਂ ਚੁਣੌਤੀਆਂ ਨੂੰ ਉਜਾਗਰ ਕੀਤਾ । ਉਨ੍ਹਾਂ ਨੇ ਪੱਤਰਕਾਰੀ ਦੇ ਪੇਸ਼ੇ ਵਿਚ ਭਰੋਸੇਯੋਗਤਾ ਨੂੰ ਵਧਾਉਣ ਲਈ ਤੱਥਾਂ ਦੀ ਜਾਂਚ ਦੀ ਮਹੱਹਤਾ ਦੇ ਨਾਲ -ਨਾਲ ਵਿਗਿਆਨਕ ਜਾਣਕਾਰੀਆਂ ਨੂੰ ਦਿਲਚਸਪ ਅਤੇ ਪ੍ਰਹੰਚਯੋਗ ਬਣਾਉਣ ਦੀ ਰਣਨੀਤੀ ‘ਤੇ ਚਰਚਾ ਕੀਤੀ । ਭਾਰਤ ਸਰਕਾਰ ਦੇ ਵਿਗਿਆਨ ਤੇ ਤਕਨਾਲੋਜੀ ਵਿਭਾਗ ਦੀ, ਵਿਗਿਆਨ ਤੇ ਟੈਕਨੋਲੋਜੀ ਸੰਚਾਰ ਬਾਰੇ ਕੌਮੀ ਕੌਂਸਲ ਦੇ ਸਾਬਕਾ ਮੁੱਖੀ ਡਾ. ਮਨੋਜ਼ ਪਟੇਰੀਆ ਨੇ ਵਿਗਿਆਨਕ ਪੱਤਰਕਾਰੀ ਲਈ ਮੀਡੀਆ ਦੀ ਪ੍ਰਭਾਵਸ਼ਾਲੀ ਵਰਤੋਂ ਦੇ ਵਿਸ਼ੇ ‘ਤੇ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਸਾਂਝੇ ਕੀਤੇ । ਡਾ. ਪਟੇਰੀਆ ਨੇ ਵਿਗਿਆਨ ਦਾ ਗਿਆਨ ਆਮ ਲੋਕਾਂ ਦੀ ਪਹੁੰਚਯੋਗ ਬਣਾਉਣ, ਸਮਾਜਕ ਬੁਰਾਈਆਂ ਦੇ ਹੱਲ

ਲਈ ਵਿਗਿਆਨਕ ਪੱਤਰਕਾਰੀ ਦੀ ਭੂਮਿਕਾ ‘ਤੇ ਜ਼ੋਰ ਦਿੱਤਾ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਜਨ-ਸੰਚਾਰ ਤੇ ਪੱਤਰਕਾਰੀ ਵਿਭਾਗ ਦੀ ਮੁੱਖੀ ਡਾ.ਨੈਨਸੀ ਵਾਲੀਆਂ ਨੇ “ ਅੱਜ ਦੇ ਕੰਪਿਊਟਰ ਦੇ ਯੁੱਗ ਵਿਚ ਵਿਗਿਆਨਕ ਪੱਤਰਕਾਰੀ ਦੀ ਪਹੁੰਚ “ ਦੇ ਵਿਸ਼ੇ ‘ਤੇ ਆਪਣੇ ਵਿਚਾਰ ਰੱਖਦਿਆਂ ਦੱਸਿਆ ਕਿ ਡਿਜ਼ੀਟਲ ਮੀਡੀਆ ਨੇ ਸਾਰੀਆਂ ਰੁਕਾਵਟਾਂ ਨੂੰ ਤੋੜਦਿਆਂ ਆਮ ਲੋਕਾਂ ਨਾਲ ਜਾਣਕਾਰੀਆਂ ਸਾਂਝੀਆਂ ਕਰਨ ਅਤੇ ਗਿਆਨ ਤੱਕ ਬਰਾਬਰ ਪਹੁੰਚ ਪ੍ਰਦਾਨ ਕਰਨ ਵਿਚ ਇਕ ਕ੍ਰਾਂਤੀ ਲਿਆਂਦੀ ਏ। ਇਸ ਮੌਕੇ ਭਾਰਤ ਦੀਆਂ ਪੁਲਾੜ ਪ੍ਰਾਪਤੀਆਂ 'ਤੇ ਕਰਵਾਏ ਰੇਡੀਓ ਫ਼ੀਚਰ ਮੁਕਾਬਲੇ ਵਿਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਮਸੀਮ ਕੀਤੇ ਗਏ।

---------------------------------------------------------------

ਬਰਨਾਲਾ ਜ਼ਿਲ੍ਹਾ ਪੁਲਿਸ ਵਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਮੰਤਵ ਨਾਲ ਇੱਕ ਨਸ਼ਾ ਵਿਰੋਧੀ ਸੈਮੀਨਾਰ ਕਰਵਾਇਆ ਗਿਆ। ਜ਼ਿਲ੍ਹੇ ਦੇ ਵੱਖ ਵੱਖ ਮੁਲਾਜ਼ਮਾਂ ਵਲੋਂ ਨਸ਼ਾ ਵਿਰੋਧੀ ਗਤੀਵਿਧੀਆਂ ਤੋਂ ਜਾਣੂ ਕਰਵਾਇਆ, ਉਥੇ ਹੀ ਟਰੈਫਿਕ ਨਿਯਮਾਂ ਦੇ ਨਵੇਂ ਆਏ ਕਾਨੂੰਨਾਂ ਤੋਂ ਵੀ

ਸੁਚੇਤ ਕਰਵਾਇਆ। ਪਟਿਆਲਾ ਰੇਂਜ ਦੇ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਨੇ ਨਸ਼ਾ ਵਿਰੋਧੀ ਤਿਆਰ ਕਰਵਾਈਆਂ ਹੋਈਆਂ ਕਮੇਟੀਆਂ ਅਤੇ ਨੌਜਵਾਨਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਪਿੰਡਾਂ ਦੇ ਨੌਜਵਾਨ ਅਤੇ ਪੰਚਾਇਤਾਂ ਸਮੇਤ ਨਸ਼ਾ ਵਿਰੋਧੀ ਕਮੇਟੀਆਂ ਦੇ ਮੈਂਬਰ ਇਸ ਮੌਕੇ ਮੌਜੂਦ ਰਹੇ। ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਜਿਹੜੇ ਵੀ ਨਸ਼ਾ ਵੇਚਣ ਦਾ ਕਾਰੋਬਾਰ ਕਰਦੇ ਨੇ ਉਨ੍ਹਾਂ ਦੀਆਂ ਜਾਇਦਾਦ ਸੀਲ ਕਰਕੇ ਜ਼ਿਲ੍ਹਾ ਸਿਵਲ ਪ੍ਰਸਾਸ਼ਨ ਦੇ ਧਿਆਨ ਵਿਚ ਲਿਆਂਦਾ ਜਾਵੇਗਾ ਤਾਂ ਇਹਨਾਂ ਜ਼ਮੀਨਾਂ ਦੀ ਖਰੀਦੋ ਫਰੋਖਤ ਨਾ ਹੋ ਸਕੇ।

---------------------------------------------------

ਪੰਜਾਬ ਦੇ ਵੱਡੇ ਸ਼ਹਿਰਾਂ ਵਿਚ ਚੱਲ ਰਹੇ ਸੈਲੂਨ ਪਾਰਲਰ ਵਾਲਿਆਂ ਵਲੋਂ ਪ੍ਰਦੂਸ਼ਣ ਫੈਲਾਏ ਜਾਣ ਬਾਰੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਹੁਣ ਸਖ਼ਤ ਐਕਸ਼ਨ ਲਿਆ ਏ। ਬੋਰਡ ਨੇ ਮੁਹਾਲੀ, ਲੁਧਿਆਣਾ, ਜਲੰਧਰ ਤੇ ਅੰਮ੍ਰਿਤਸਰ ਵਰਗੇ ਵੱਡੇ ਸ਼ਹਿਰਾਂ ਦੇ ਸੈਲੂਨ ਵਾਲਿਆਂ ਨੂੰ ਨੋਟਿਸ ਭੇਜਿਆ ਏ। ਹੁਣ ਸਲੂਨਾਂ ਨੂੰ ਇਹ ਜਾਣਕਾਰੀ ਦੇਣੀ ਹੋਵੇਗੀ ਕਿ ਇਹ ਵਰਤੇ ਜਾਣ ਵਾਲੇ ਕੈਮੀਕਲ ਨੂੰ ਸੋਧ ਕੇ ਜਾਂ ਫਿਰ ਬਿਨਾ ਸੋਧੇ ਤੋਂ ਹੀ ਸੀਵਰ ਚ ਪਾ

ਰਹੇ ਨੇ । ਇਸਦੇ ਨਾਲ ਹੀ ਵਰਤੇ ਜਾਂਦੇ ਪਲਾਸਟਿਕ ਬਾਰੇ ਵੀ ਜਾਣਕਾਰੀ ਮੰਗੀ ਗਈ ਏ । ਬੋਰਡ ਦੇ ਚੇਅਰਮੈਨ ਪ੍ਰੋਫੈਸਰ ਡਾਕਟਰ ਆਦਰਸ਼ ਪਾਲ ਵਿਜ ਨੇ ਪਟਿਆਲਾ ਵਿਚ ਦੱਸਿਆ ਕਿ ਜਿਹੜਾ ਸੈਲੂਨ ਵਾਲਾ ਬੋਰਡ ਦੇ ਨਿਯਮਾਂ ਦੀ ਉਲੰਘਨਾ ਕਰੇਗਾ ਉਸਨੂੰ ਬੰਦ ਕੀਤਾ ਜਾ ਸਕਦਾ ਏ ਜਾਂ ਫਿਰ ਬਿਜਲੀ ਕੱਟੀ ਜਾ ਸਕਦੀ ਏ ।

---------------------------------------------------------------

ਸਿਹਤ ਵਿਭਾਗ ਫਰੀਦਕੋਟ ਬਦਲਦੇ ਮੌਸਮ ਤਹਿਤ ਲੋਕਾਂ ਨੂੰ ਵੈਕਟਰ ਬੋਰਨ ਬੀਮਾਰੀਆਂ ਤੋਂ ਬਚਾਉਣ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਿਹਾ ਏ । ਇਸੇ ਲੜੀ ਤਹਿਤ ਸਿਵਲ ਸਰਜਨ ਫਰੀਦਕੋਟ ਡਾ. ਮਨਿੰਦਰ ਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਿਭਾਗ ਦੇ ਮਲੇਰੀਆ ਵਿੰਗ ਦੀਆਂ ਟੀਮਾਂ ਅਤੇ ਮਾਸ ਮੀਡੀਆ ਵਿੰਗ ਵਲੋਂ ਹਾਈ ਰਿਸਕ ਅਬਾਦੀ ਵਿਚ ਰਹਿੰਦੇ ਲੋਕਾਂ ਨੂੰ ਡੇਂਗੂ ਤੇ ਮਲੇਰੀਏ ਦੇ ਡੰਗ ਤੋਂ ਬੱਚਣ ਅਤੇ ਇਹਨਾਂ ਬੀਮਾਰੀਆਂ ਤੋ ਬਚਾਅ ਲਈ ਪੂਰੀ ਤਰਾਂ ਜਾਗਰੂਕ ਕੀਤਾ ਜਾ ਰਿਹਾ ਏ । ਵਿਭਾਗ ਨੇ ਕਈ ਇਲਾਕਿਆਂ ਵਿਚ ਸਪਰੇ ਵੀ ਕਾਰਵਾਈ ਏ । ਡਿਪਟੀ ਮਾਸ ਮੀਡੀਆ ਅਫਸਰ ਸੁਧੀਰ ਧੀਰ ਤੇ ਅੰਕੁਸ਼ ਭੰਡਾਰੀ ਨੇ ਕਿਹਾ ਕਿ

ਬਦਲਦੇ ਮੌਸਮ ਤਹਿਤ ਮੱਖੀਆਂ ਅਤੇ ਮੱਛਰਾਂ ਤੋਂ ਹੋਣ ਵਾਲੀਆਂ ਬੀਮਾਰੀਆਂ ਨੂੰ ਫੈਲਣ ਤੋਂ ਰੋਕਣ ਅਤੇ ਇਸ ਤੋਂ ਬਚਾਅ ਲਈ ਸਿਹਤ ਵਿਭਾਗ ਦੀ ਟੀਮ ਸਾਫ-ਸਫਾਈ ਵੱਲ ਧਿਆਨ ਦੇਣ ਲਈ ਪ੍ਰੇਰਿਤ ਕਰ ਰਹੀ ਏ।

-----------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਅੰਮ੍ਰਿਤਸਰ ਦੇ ਕਸਬਾ ਅਟਾਰੀ ’ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ, ਅਗਨ ਭੇਟ ਹੋਣ ’ਤੇ ਗਹਿਰੇ ਦੁੱਖ ਦਾ ਇਜਹਾਰ ਕੀਤਾ ਏ। ਗੁਰਦੁਆਰਾ ਸਾਹਿਬ ਪੰਚਾਇਤ ਘਰ ਅਟਾਰੀ ਵਿਖੇ ਵਾਪਰੀ ਘਟਨਾ ਦਾ ਪਤਾ ਲੱਗਣ ’ਤੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਤਲਾਣੀ ਸਾਹਿਬ ਦੇ ਮੈਨੇਜਰ ਅਤੇ ਪ੍ਰਚਾਰਕ ਸਿੰਘਾਂ ਨੂੰ ਮੌਕੇ ’ਤੇ ਭੇਜਿਆ ਗਿਆ , ਜੋ ਮਾਮਲੇ ਦੀ ਵਿਸਥਾਰਤ ਰਿਪੋਰਟ ਦੇਣਗੇ। ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਅੰਦਰ ਅੱਗ ਲੱਗਣ ਦੀਆਂ ਘਟਨਾਵਾਂ ਪ੍ਰਬੰਧਕਾਂ ਦੀ ਅਣਗਹਿਲੀ ਕਾਰਨ ਵਾਪਰਦੀਆਂ ਨੇ ਅਤੇ ਸੰਗਤਾਂ ਨੂੰ ਕਈ ਵਾਰ ਅਪੀਲ ਕੀਤੀ ਗਈ ਏ ਕਿ ਗੁਰਦੁਆਰਾ ਸਾਹਿਬਾਨ ਅੰਦਰ ਹਰ

ਸਮੇਂ ਸੇਵਾਦਾਰਾਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇ ਅਤੇ ਬਿਨਾਂ ਲੋੜ ਤੋਂ ਬਿਜਲੀ ਉਪਕਰਣਾਂ ਨੂੰ ਚਾਲੂ ਨਾ ਰੱਖਿਆ ਜਾਵੇ । ਉਨ੍ਹਾਂ ਕਿਹਾ ਕਿ ਗੁਰਦੁਆਰਾ ਕਮੇਟੀਆਂ ਦੀ ਇਹ ਜ਼ਿੰਮੇਵਾਰੀ ਬਣਦੀ ਏ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਗੁਰਦੁਆਰਾ ਸਾਹਿਬ ਅੰਦਰ ਹਰ ਸਮੇਂ ਇੱਕ ਸੇਵਾਦਾਰ ਦੀ ਹਾਜ਼ਰੀ ਜ਼ਰੂਰੀ ਹੋਵੇ, ਤਾਂ ਜੋ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

---------------------------------------------------------

ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਕੇਂਦਰੀ ਮੰਤਰੀ ਡਾ. ਮਨਸੁਖ ਮਾਂਡਵੀਆ ਨੇ, 29 ਅਗਸਤ ਨੂੰ ਕੌਮੀ ਖੇਡ ਦਿਵਸ ਮਨਾਉਣ ਲਈ, ਦੇਸ਼-ਵਿਆਪੀ ਖੇਡਾਂ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ ਏ । ਸ੍ਰੀ ਮਾਂਡਵੀਆ ਨੇ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਫਿਟ ਇੰਡੀਆ ਮੁਹਿੰਮ ਨੂੰ ਅੱਗੇ ਵਧਾਉਣ ਦੇ ਮਹੱਤਵ ਨੂੰ ਉਜਾਗਰ ਕੀਤਾ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਆਪਣੀ ਸਿਹਤ ਨੂੰ ਬਣਾਈ ਰੱਖਣਾ ਅਤੇ ਸਰਗਰਮ ਰਹਿਣਾ ਹਰ ਭਾਰਤੀ ਨਾਗਰਿਕ ਦੀ ਜ਼ਿੰਮੇਵਾਰੀ ਏ। ਉਨ੍ਹਾਂ ਕਿਹਾ ਕਿ ਕੌਮੀ ਖੇਡ ਦਿਵਸ ਨਾ ਸਿਰਫ਼ ਸਾਡੇ ਖੇਡ ਨਾਇਕਾਂ ਦਾ

ਸਨਮਾਨ ਕਰਨ ਦਾ ਮੌਕਾ ਏ, ਸਗੋਂ ਇਹ ਦਿਨ ਯਾਦ ਦਿਵਾਉਂਦਾ ਏ ਕਿ ਖੇਡਾਂ ਕਿਵੇਂ ਸੰਤੁਲਿਤ ਅਤੇ ਸਿਹਤਮੰਦ ਜੀਵਨ ਨੂੰ ਕਾਇਮ ਰੱਖਣ ਵਿੱਚ ਸਾਡੀ ਮਦਦ ਕਰ ਸਕਦੀਆਂ ਨੇ।

---------------------------------------------

ਪੰਜਾਬ ਨੂੰ ਖੇਡਾਂ ਵਿਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਦੇ ਉਦੇਸ਼ ਨਾਲ, ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ-2024' ਸੀਜਨ-3 ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕੱਢੀ ਗਈ ਮਸ਼ਾਲ ਦਾ ਅੱਜ ਹੁਸ਼ਿਆਰਪੁਰ ਪਹੁੰਚਣ 'ਤੇ ਪਤਵੰਤਿਆਂ ਅਤੇ ਅੰਤਰ-ਰਾਸ਼ਟਰੀ ਖਿਡਾਰੀਆਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ । ਇਹ ਮਸ਼ਾਲ ਲਾਜਵੰਤੀ ਸਟੇਡੀਅਮ, ਰਾਮਗੜ੍ਹੀਆ ਚੌਕ, ਮਹਾਰਾਣਾ ਪ੍ਰਤਾਪ ਚੌਕ ਤੋਂ ਹੁੰਦੇ ਹੋਏ ਜਲੰਧਰ ਲਈ ਰਵਾਨਾ ਕਰ ਦਿੱਤੀ ਗਈ। ਇਸ ਮੌਕੇ ਪਦਮਸ਼੍ਰੀ ਪ੍ਰੇਮ ਨਾਥ ਡੋਗਰਾ, ਅਰਜੁਨ ਅਵਾਰਡੀ ਸਰੋਜ ਬਾਲਾ, ਅੰਤਰ-ਰਾਸ਼ਟਰੀ ਫੁੱਟਬਾਲ ਖਿਡਾਰੀ ਹਰਮਨਜੋਤ ਸਿੰਘ ਖਾਂਬੜਾ, ਏਸ਼ੀਅਨ ਤਮਗਾ ਜੇਤੂ ਪ੍ਰਦੀਪ ਡੋਗਰਾ, ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਤੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੀ

ਮੌਜੂਦ ਸਨ। ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸੂਬੇ ਵਿਚ ਖੇਡ ਸੱਭਿਆਚਾਰ ਪੈਦਾ ਕਰਨ ਵਿਚ ਆਪਣਾ ਅਹਿਮ ਯੋਗਦਾਨ ਦੇ ਰਹੀਆਂ ਨੇ । ਉਨ੍ਹਾਂ ਕਿਹਾ ਕਿ ਸੂਬੇ ਦੇ ਨੌਜਵਾਨ ਖੇਡਾਂ ਨਾਲ ਜੁੜ ਕੇ ਨਸ਼ੇ ਤੋਂ ਦੂਰ ਰਹਿਣਗੇ ਅਤੇ ਪੰਜਾਬ ਇਕ ਵਾਰ ਫਿਰ ਹੱਸਦਾ-ਵਸਦਾ, ਖੇਡਦਾ ਅਤੇ ਰੰਗਲਾ ਪੰਜਾਬ ਬਣ ਸਕੇਗਾ । ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਮਸ਼ਾਲ ਮਾਰਚ ਨੌਜਵਾਨਾਂ ਨੂੰ 'ਖੇਡਾਂ ਵਤਨ ਪੰਜਾਬ ਦੀਆਂ' ਨਾਲ ਜੋੜਨ ਵਿਚ ਸਫ਼ਲ ਹੋਵੇਗਾ । ਉਨ੍ਹਾਂ ਜ਼ਿਲ੍ਹੇ ਦੇ ਸਾਰੇ ਖਿਡਾਰੀਆਂ ਨੂੰ 'ਖੇਡਾਂ ਵਤਨ ਪੰਜਾਬ ਦੀਆਂ' ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ 29 ਅਗਸਤ ਨੂੰ ਸੰਗਰੂਰ ਵਿਚ ਖੇਡਾਂ ਦੇ ਤੀਸਰੇ ਸੀਜ਼ਨ ਦਾ ਉਦਘਾਟਨ ਹੋਵੇਗਾ ।

---------------------------------------------------------

ਭਾਰਤੀ ਕ੍ਰਿਕਟਰ ਸ਼ਿਖਰ ਧਵਨ ਨੇ ਅੰਤਰ-ਰਾਸ਼ਟਰੀ ਅਤੇ ਘਰੇਲੂ ਕ੍ਰਿਕਟ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਏ । 38 ਸਾਲਾ ਸ਼ਿਖਰ ਧਵਨ ਨੇ ਸੰਨਿਆਸ ਲੈਣ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਸਾਂਝਾ

ਕੀਤਾ ਅਤੇ ਆਪਣੇ ਪਰਿਵਾਰ, ਕੋਚ ਅਤੇ ਟੀਮ ਮੈਂਬਰਾਂ ਦਾ ਧੰਨਵਾਦ ਕੀਤਾ। ਸ਼ਿਖਰ ਧਵਨ ਨੇ ਵਨਡੇ ਵਿੱਚ 17 ਸੈਂਕੜੇ ਅਤੇ 39 ਅਰਧ ਸੈਂਕੜੇ ਲਗਾਏ ਨੇ ਅਤੇ 15 ਮੈਚਾਂ ਵਿੱਚ ਭਾਰਤ ਦੀ ਕਪਤਾਨੀ ਵੀ ਕੀਤੀ ਏ।

---------------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਯੂਕਰੇਨ ਸੰਘਰਸ਼ ਦੀ ਸ਼ੁਰੂਆਤ ਤੋਂ ਹੀ ਭਾਰਤ, ਹਮੇਸ਼ਾ ਸ਼ਾਂਤੀ ਦੇ ਪੱਖ ਵਿੱਚ ਰਿਹਾ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਲ ਸਵੇਰੇ 11 ਵਜੇ, ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਲੋਂ ਪੱਤਰਕਾਰੀ ਪੇਸ਼ੇ ਨਾਲ ਜੁੜੇ ਵਿਦਿਆਰਥੀਆਂ ਦੀ ਮੁਹਾਰਤ ਨਿਖਾਰਣ ਲਈ, ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਵਿਸ਼ੇ ‘ਤੇ ਇਕ ਵਰਕਸ਼ਾਪ ਕਰਵਾਈ।

- ਖੇਡਾਂ ਵਤਨ ਪੰਜਾਬ ਦੀਆਂ ਸੀਜਨ-3 ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕੱਢੀ ਗਈ ਮਸ਼ਾਲ ਦਾ ਅੱਜ ਹੁਸ਼ਿਆਰਪੁਰ ਪਹੁੰਚਣ ’ਤੇ, ਅੰਤਰ-ਰਾਸ਼ਟਰੀ ਖਿਡਾਰੀਆਂ ਵੱਲੋਂ ਸ਼ਾਨਦਾਰ ਸਵਾਗਤ।